# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

# ਬੋਰਡ ਦੇ ਨਵੇਂ ਚੇਅਰਮੈਨ ਨੂੰ ਮੁਬਾਰਕਬਾਦ ਦੇਣ ਲਈ ਸਿੱਖਿਆ ਮੰਤਰੀ ਤੇ ਛੇ ਵਿਧਾਇਕ ਪਹੁੰਚੇ

ਐੱਸ.ਏ.ਐੱਸ. ਨਗਰ 1 ਮਾਰਚ ( ) ਪੰਜਾਬ ਸਰਕਾਰ ਵੱਲੋਂ ਸਿੱਖਿਆ ਮੰਤਰੀ ਅਰੁਨਾ ਚੌਧਰੀ ਸਿੱਖਿਆ ਬੋਰਡ ਦੇ ਨਵੇਂ ਨਿਯੁਕਤ ਕੀਤੇ ਚੇਅਰਮੈਨ ਸ੍ਰੀ ਮਨੋਹਰ ਕਾਂਤ ਕਲੋਹੀਆ ਸੇਵਾ ਮੁਕਤ ਆਈ.ਏ.ਐੱਸ. ਨੂੰ ਨਵੇਂ ਅਹੁਦੇ 'ਤੇ ਬਿਰਾਜਮਾਨ ਕਰਵਾਉਣ, ਮੁਬਾਰਕਬਾਦ ਅਤੇ ਆਸ਼ੀਰਵਾਦ ਦੇਣ ਲਈ ਪਧਾਰੇ।

ਇਸ ਮੌਕੇ ਮਾਨਯੋਗ ਸਿੱਖਿਆ ਮੰਤਰੀ ਜੀ ਨੇ ਬੋਲਦਿਆਂ ਕਿਹਾ ਕਿ ਹੋਰ ਵਧੀਆ ਕਾਰਗੁਜ਼ਾਰੀ, ਨਵੇਂ ਸੁਧਾਰਾਂ ਅਤੇ ਅੱਗੇ ਵਧਣ ਲਈ ਬਦਲਾਵ ਜ਼ਰੂਰੀ ਹੈ। ਸਿੱਖਿਆ ਮੰਤਰੀ ਜੀ ਨੇ ਕਿਹਾ ਕਿ ਸ੍ਰੀ ਮਨੋਹਰ ਕਾਂਤ ਕਲੋਹੀਆ ਦੀ ਕਾਬਲੀਅਤ ਅਤੇ ਯੋਗਤਾ ਨੂੰ ਪ੍ਰਮੁੱਖਤਾ ਦਿੰਦਿਆਂ ਮਾਨਯੋਗ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਜੀ ਨੇ ਇਹਨਾਂ ਦੀ ਵਿਸ਼ੇਸ਼ ਤੌਰ 'ਤੇ ਚੋਣ ਕੀਤੀ ਹੈ ਤਾਂ ਕਿ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਹੋਰ ਬੁਲੰਦੀਆਂ ਵੱਲ ਲਿਜਾਇਆ ਜਾ ਸਕੇ।

ਬੁਲਾਰੇ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਵਿਸ਼ੇਸ਼ ਮੌਕੇ 'ਤੇ ਚੇਅਰਮੈਨ ਸ੍ਰੀ ਮਨੋਹਰ ਕਾਂਤ ਕਲੋਹੀਆ ਜੀ ਨੂੰ ਮੁਬਾਰਕਬਾਦ ਦੇਣ ਲਈ ਸ੍ਰੀ ਸੁਖਜਿੰਦਰ ਸਿੰਘ ਰੰਧਾਵਾ ਐੱਮ.ਐੱਲ.ਏ. ਡੇਰਾ ਬਾਬਾ ਨਾਨਕ, ਸ੍ਰੀ ਹਰਦਿਆਲ ਸਿੰਘ ਕੰਬੋਜ ਐੱਮ.ਐੱਲ.ਏ. ਰਾਜਪੁਰਾ, ਸ੍ਰੀ ਵਰਿੰਦਰਜੀਤ ਸਿੰਘ ਪਾਹੜਾ ਐੱਮ.ਐੱਲ.ਏ. ਗੁਰਦਾਸਪੁਰ, ਡਾ. ਹਰਜੋਤ ਕੰਵਲ ਸਿੰਘ ਐੱਮ.ਐੱਲ.ਏ. ਮੋਗਾ, ਸ੍ਰੀ ਸੁਨੀਲ ਕੁਮਾਰ ਰਿੰਕੂ ਐੱਮ.ਐੱਲ.ਏ. ਜਲੰਧਰ, ਸ੍ਰੀ ਜੋਗਿੰਦਰਪਾਲ ਐੱਮ.ਐੱਲ.ਏ. ਭੋਆ (ਪਠਾਨਕੋਟ) ਵੀ ਉਚੇਚੇ ਤੌਰ 'ਤੇ ਪਹੁੰਚੇ ਹੋਏ ਸਨ। ਇਸ ਮੌਕੇ ਸ੍ਰੀ ਪ੍ਰਸ਼ਾਂਤ ਕੁਮਾਰ ਗੋਇਲ ਡੀਜੀਐੱਸਈ-ਕਮ- ਬੋਰਡ ਦੇ ਵਾਇਸ ਚੇਅਰਮੈਨ ਤੋਂ ਇਲਾਵਾ ਬੋਰਡ ਦੇ ਹੋਰ ਅਧਿਕਾਰੀ, ਕਰਮਚਾਰੀ ਅਤੇ ਬੋਰਡ ਦੀ ਮੁਲਾਜਮ ਜਥੇਬੰਦੀ ਦੇ ਆਗੂ ਵੀ ਹਾਜ਼ਰ ਸਨ।

ਕੈਪਸ਼ਨ : ਬੋਰਡ ਦੇ ਨਵ ਨਿਯੁਕਤ ਕੀਤੇ ਚੇਅਰਮੈਨ ਸ੍ਰੀ ਕਲੋਹੀਆ ਨੂੰ ਮੁਬਾਰਕਬਾਦ ਦੇਣ ਲਈ
ਸਿੱਖਿਆ ਮੰਤਰੀ ਅਤੇ ਪੰਜਾਬ ਦੇ ਵੱਖ-ਵੱਖ ਵਿਧਾਨ ਸਭਾ ਖੇਤਰਾਂ ਦੇ ਐੱਮ.ਐੱਲ.ਏ

ਮਿਤੀ:-01-03-2018

ਕੋਮਲ ਸਿੰਘ
ਲੋਕ ਸੰਪਰਕ ਦਫ਼ਤਰ
ਪੰਜਾਬ ਸਕੂਲ ਸਿੱਖਿਆ ਬੋਰਡ

Scanned by CamScanner



Scanned by CamScanner